15ਵੀਂ ਵਿਧਾਨ ਸਭਾ
ਸੱਤਵਾਂ ਸਮਾਗਮ

# ਪੰਜਾਬ ਵਿਧਾਨ ਸਭਾ
## ਬੁਲੇਟਿਨ ਨੰ. 5

**ਸੋਮਵਾਰ, 18 ਫਰਵਰੀ, 2019**
(11.00 ਵਜੇ ਸਵੇਰ ਤੋਂ 2.09 ਵਜੇ ਬਾਅਦ ਦੁਪਹਿਰ ਤੱਕ)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 07 | 01 | 01 | 11 | 16 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 13

2. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ਼੍ਰੀ ਭਗਵੰਤ ਮਾਨ, ਮੈਂਬਰ ਪਾਰਲੀਮੈਂਟ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

3. **ਕਾਰਜ ਸਲਾਹਕਾਰ ਕਮੇਟੀ ਦੀ ਤੀਜੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 18 ਫਰਵਰੀ, 2019 ਤੋਂ 25 ਫਰਵਰੀ, 2019 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਤੀਜੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸੋਧੇ ਅਨੁਸਾਰ ਪ੍ਰਵਾਨ ਹੋਇਆ :-

> "ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਤੀਜੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ (ਸੋਧੇ ਅਨੁਸਾਰ) ਨਾਲ ਸਹਿਮਤ ਹੈ।"

4. **ਮਤਾ**

ਸਰਦਾਰ ਪਰਮਿੰਦਰ ਸਿੰਘ ਪਿੰਕੀ, ਐਮ.ਐਲ.ਏ, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਨਿਮਨਲਿਖਤ ਮਤਾ, ਜਿਸ ਦੀ ਪ੍ਰੋੜ੍ਹਤਾ ਸਰਦਾਰ ਫਤਹਿਜੰਗ ਸਿੰਘ ਬਾਜਵਾ, ਐਮ.ਐਲ.ਏ ਵਲੋਂ ਕੀਤੀ ਗਈ, ਸਦਨ ਵਿੱਚ ਪੇਸ਼ ਕੀਤਾ ਗਿਆ ਅਤੇ ਸਰਬਸਮੰਤੀ ਨਾਲ ਪ੍ਰਵਾਨ ਹੋਇਆ;

> "ਕਿ ਪੁਲਵਾਮਾ ਵਿੱਚ ਆਤੰਕਵਾਦੀਆਂ ਵਲੋਂ ਸੀ.ਆਰ.ਪੀ.ਐਫ-ਦੇ ਜਵਾਨਾਂ ਤੇ ਜੋ ਹਮਲਾ ਕੀਤਾ ਗਿਆ ਹੈ, ਇਹ ਬਹੁਤ ਹੀ ਘਿਨੌਣਾ ਅਤੇ ਅਤਿ ਨਿੰਦਣਯੋਗ ਹੈ। ਇਸ ਨੇ ਸਾਡੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਹੈ ਅਤੇ ਦੇਸ਼ ਦੇ ਸਾਰੇ ਲੋਕਾਂ ਵਿੱਚ ਪਾਕਿਸਤਾਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਿਹੜੇ ਜਵਾਨ ਇਸ ਹਮਲੇ ਵਿੱਚ ਸ਼ਹੀਦ ਹੋਏ ਹਨ, ਉਨ੍ਹਾਂ ਦੇ ਪਰਿਵਾਰ ਵੀ ਹਨ ਅਤੇ ਇਸ ਦੁੱਖ ਦੀ ਘੜੀ ਵਿੱਚ ਸਾਨੂੰ ਉਨ੍ਹਾਂ ਦੇ ਪਰਿਵਾਰਾਂ ਦੇ ਨਾਲ ਖੜ੍ਹੇ ਹੋਣਾ ਚਾਹੀਦਾ ਹੈ। ਦੁੱਖ ਵੰਡਾਉਣ ਦੇ ਨਾਲ ਨਾਲ ਉਨ੍ਹਾਂ ਦੀ ਆਰਥਿਕ ਤੌਰ ਤੇ ਵੀ ਮਦਦ ਕਰਨੀ ਸਾਡਾ ਫਰਜ਼ ਬਣਦਾ ਹੈ। ਇਸ ਲਈ ਮੈਂ ਇਹ ਪ੍ਰਸਤਾਵ ਕਰਦਾ ਹਾਂ ਕਿ ਇਸ ਸਦਨ ਦੇ ਸਾਰੇ ਐਮ.ਐਲ.ਏਜ਼.ਦੀ ਇਕ ਮਹੀਨੇ ਦੀ ਤਨਖਾਹ ਪੰਜਾਬ ਦੇ ਸ਼ਹੀਦ ਹੋਏ ਉਨ੍ਹਾਂ ਪਰਿਵਾਰਾਂ ਨੂੰ ਦਿੱਤੀ ਜਾਵੇ।"

5. **ਵਾਕ ਆਊਟ**

ਆਮ ਆਦਮੀ ਪਾਰਟੀ ਦੇ ਮੈਂਬਰ, ਸਰਦਾਰ ਜਗਦੇਵ ਸਿੰਘ, ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਰਦਾਰ ਪਿਰਮਲ ਸਿੰਘ ਧੌਲਾ, ਸਰਦਾਰ ਨਾਜਰ ਸਿੰਘ ਮਾਨਸ਼ਾਹੀਆ ਅਤੇ ਸਰਦਾਰ ਕੰਵਰ ਸੰਧੂ ਨੂੰ ਛੱਡ ਕੇ ਸਦਨ ਵਿੱਚ ਹਾਜ਼ਰ ਆਮ ਆਦਮੀ ਪਾਰਟੀ ਦੇ ਸਮੂਹ ਮੈਂਬਰ ਦਿਆਲ ਸਿੰਘ ਕੋਲਿਆਂਵਾਲੀ ਨੂੰ ਜ਼ਮਾਨਤ ਮਿਲਣ ਦੇ ਵਿਰੋਧ ਵਿੱਚ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

6. **ਮੈਂਬਰਾਂ ਨੂੰ ਨੇਮ ਕਰਨਾ**

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰਾਂ ਵੱਲੋਂ, ਚੇਅਰ ਦੇ ਬਾਰ ਬਾਰ ਅਪੀਲ ਕਰਨ ਦੇ ਬਾਵਜੂਦ, ਲਗਾਤਾਰ ਸਦਨ ਦੀ ਕਾਰਵਾਈ ਵਿੱਚ ਵਿਘਨ ਪਾਉਣ ਕਾਰਨ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਨੂੰ ਨੇਮ ਕੀਤਾ ਗਿਆ ਜਿਸ ਨਾਲ ਉਹ ਅੱਜ ਦੀ ਬੈਠਕ ਦੇ ਬਾਕੀ ਰਹਿੰਦੇ ਸਮੇਂ ਲਈ ਮੁਅੱਤਲ ਹੋ ਗਏ।

7. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 12.42 ਵਜੇ ਬਾਅਦ ਦੁਪਹਿਰ ਤੋਂ 01.00 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਕੀਤਾ ਗਿਆ।

8. **ਸਾਲ 2019-20 ਲਈ ਬਜਟ ਅਨੁਮਾਨ ਪੇਸ਼ ਕਰਨਾ**

ਵਿੱਤ ਮੰਤਰੀ ਨੇ ਸਾਲ 2019-20 ਲਈ ਬਜਟ ਅਨੁਮਾਨ ਪੇਸ਼ ਕੀਤੇ ਅਤੇ ਅਜਿਹਾ ਕਰਦੇ ਹੋਏ ਉਹ 01 ਘੰਟਾ 39 ਮਿੰਟ ਲਈ ਬੋਲੇ।

ਇਸ ਉਪਰੰਤ ਸਦਨ ਬੁੱਧਵਾਰ ਮਿਤੀ 20 ਫਰਵਰੀ, 2019 ਦੇ 11.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

ਚੰਡੀਗੜ੍ਹ:
18 ਫਰਵਰੀ, 2019

ਸ਼੍ਰੀ ਲਖਨਪਾਲ ਮਿਸ਼ਰਾ,
ਸਕੱਤਰ।

Jasvinder Singh 20/2/19
Chief Reporter
Punjab Vidhan Sabha Sectt.
Chandigarh